**Punjabi University inter college Judo Championship Men/Women Session 2023-24**

Punjabi University inter college Judo Men/women championship held at Enlighted College Of Physical Education Jhunir Mansa on dated 22-23October, 2023 and our college men team Vikramjeet Singh won Gold Medal in 60 kg and Gagandeep won Gold in 81 kg,both players selected for All India Camp. In women section one girl Sapna Rani won Silver Medal in 63 kg.









## ਖਾਲਸਾ ਕਾਲਜ ਦੇ ਖਿਡਾਰੀਆਂ ਨੇ ਖੇਡਾਂ ਵਿੱਚ ਮਾਰੀਆਂ ਮੱਲ੍ਹਾਂ

ਆਗਾਜ਼ ਜਾਗਰਣ/ਚਾਨਾ

ਸ੍ਰੀ ਅਨੰਦਪੁਰ ਸਾਹਿਬ, 30 ਅਕਤੂਬਰ – ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਾਂ ਹੇਠ ਚੱਲ ਰਹੀ ਸਥਾਨਕ ਵਿੱਦਿਅਕ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ ਦੇ ਖਿਡਾਰੀਆਂ ਨੇ ਖੇਡਾਂ ਵਿੱਚ ਮੱਲ੍ਹਾਂ ਮਾਰੀਆਂ। ਬੀਤੇ ਦਿਨੀ ਪੰਜਾਬੀ ਯੂਨੀਵਰਸਿਟੀ ਪਟਿਆਲਾ ਵੱਲੋਂ ਜੂਡੋ ਲੜਕੀਆਂ ਅਤੇ ਲੜਕਿਆਂ ਦੇ ਮੁਕਾਬਲੇ ਫਿਜੀਕਲ ਕਾਲਜ ਝੁਨੀਰ, ਪਟਿਆਲਾ ਵਿਖੇ ਕਰਵਾਏ ਗਏ, ਜਿਸ ਵਿੱਚ ਖਾਲਸਾ ਕਾਲਜ ਦੇ ਖਿਡਾਰੀਆਂ ਨੇ ਜੂਡੋ ਮੁਕਾਬਲਿਆਂ @ਚ ਮੱਲਾਂ ਮਾਰ ਕੇ ਨਾਮਣਾ ਖੱਟਿਆ ਹੈ। ਇਸ ਵਿੱਚ ਸਰੀਰਕ ਸਿੱਖਿਆ ਵਿਭਾਗ ਦੇ ਖਿਡਾਰੀ ਗਗਨਦੀਪ ਨੇ 81 ਕਿਲੋ ਵੇਟ ਕੈਟਾਗਰੀ ਵਿੱਚ, ਬਿਕਰਮਜੀਤ ਸਿੰਘ ਨੇ 60 ਕਿਲੋ ਵੇਟ ਕੈਟਾਗਰੀ ਵਿੱਚ ਗੋਲਡ ਮੈਡਲ ਹਾਸਲ ਕੀਤਾ ਅਤੇ ਸਪਨਾ ਰਾਣੀ ਨੇ 63 ਕਿਲੋ ਵਰਗ ਵਿੱਚ ਸਿਲਵਰ ਮੈਡਲ ਹਾਸਲ ਕਰਕੇ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ॥ ਵਰਨਣਯੋਗ ਹੈ ਕਿ ਇਹ ਤਿੰਨੋ ਖਿਡਾਰੀ ਆਲ ਇੰਡੀਆ ਇੰਟਰਵਸਟੀ ਮੁਕਾਬਲਿਆਂ ਲਈ ਚੁਣੇ ਗਏ ਹਨ। ਇਸ ਮੌਕੇ ਤੇ ਕਾਲਜ ਦੇ ਪ੍ਰਿੰਸੀਪਲ ਡਾ. ਜਸਵੀਰ ਸਿੰਘ ਨੇ ਸਰੀਰਕ ਸਿੱਖਿਆ ਵਿਭਾਗ ਦੇ ਮੁਖੀ ਪ੍ਰੋ. ਅਸ਼ੋਕ ਕੁਮਾਰ, ਕੋਚ ਸ. ਗੁਰਦੇਵ ਸਿੰਘ ਅਤੇ ਪੂਰੀ ਟੀਮ ਨੂੰ ਵਧਾਈ ਦਿੱਤੀ। ਇਸ ਮੌਕੇ ਸਰੀਰਕ ਸਿੱਖਿਆ ਵਿਭਾਗ ਦੇ ਪ੍ਰੋ. ਰਣਦੀਪ ਕੌਰ ਵੀ ਹਾਜ਼ਰ ਸਨ।